# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :27-04-2026**

- ਸਰਕਾਰ ਨੇ ਅੱਜ ਮੁੜ ਪੁਸ਼ਟੀ ਕੀਤੀ ਏ ਕਿ ਦੇਸ਼ ਵਿੱਚ ਖਾਦ ਦੀ ਉਪਲਬਧਤਾ ਮਜ਼ਬੂਤ ਬਣੀ ਹੋਈ ਏ ਤੇ ਸਪਲਾਈ ਲਗਾਤਾਰ ਮੰਗ ਤੋਂ ਵੱਧ ਏ।
- ਰਾਜ ਸਭਾ ਦੇ ਸਭਾਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਆਮ ਆਦਮੀ ਪਾਰਟੀ ਛੱਡ ਕੇ ਭਾਜਪਾ ਵਿੱਚ ਆਏ ਸੱਤ ਸੰਸਦ ਮੈਂਬਰਾਂ ਦੇ ਰਲੇਵੇਂ ਨੂੰ ਮਨਜ਼ੂਰੀ ਦੇ ਦਿੱਤੀ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਹੜ੍ਹ ਰੋਕਥਾਮ ਅਤੇ ਰਾਹਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਅਤਿ – ਆਧੁਨਿਕ ਐਂਫੀਬੀਅਸ ਮਸ਼ੀਨਾਂ ਦੀ ਖਰੀਦ ਨੂੰ ਮਨਜ਼ੂਰੀ ਦਿੱਤੀ ਏ।
- ਪੰਜਾਬ ਦੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਏ ਕਿ ਪੀ.ਐਸ.ਪੀ.ਸੀ.ਐਲ. ਗਰਮੀ ਦੇ ਮੌਜੂਦਾ ਮੌਸਮ ਦੌਰਾਨ ਬਿਜਲੀ ਦੀ ਮੰਗ ਵਿੱਚ ਅਚਾਨਕ ਵਾਧੇ ਨੂੰ ਪੂਰਾ ਕਰਨ ਲਈ ਤਿਆਰ ਏ।

- IPL ਕ੍ਰਿਕੇਟ ਵਿੱਚ, ਅੱਜ ਦਿੱਲੀ ਦੇ ਅਰੁਣ ਜੇਤਲੀ ਸਟੇਡੀਅਮ ਵਿੱਚ, ਦਿੱਲੀ ਕੈਪੀਟਲਜ਼ ਦਾ ਮੁਕਾਬਲਾ ROYAL ਚੈਲੇਂਜਰਜ਼ ਬੈਂਗਲੁਰੂ ਨਾਲ ਹੋਵੇਗਾ।

---------------------------------------------------------------------------

ਸਰਕਾਰ ਨੇ ਅੱਜ ਮੁੜ ਪੁਸ਼ਟੀ ਕੀਤੀ ਏ ਕਿ ਦੇਸ਼ ਵਿੱਚ ਖਾਦ ਦੀ ਉਪਲਬਧਤਾ ਮਜ਼ਬੂਤ ਬਣੀ ਹੋਈ ਏ ਤੇ ਸਪਲਾਈ ਲਗਾਤਾਰ ਮੰਗ ਤੋਂ ਵੱਧ ਏ । ਪੱਛਮੀ ਏਸ਼ੀਆ ਵਿੱਚ ਗਤੀਵਿਧੀਆਂ ਨਾਲ ਸਬੰਧਤ ਇੱਕ ਅੰਤਰ-ਮੰਤਰਾਲਾ ਪ੍ਰੈਸ ਕਾਨਫਰੰਸ ਦੌਰਾਨ, ਖਾਦ ਵਿਭਾਗ ਵਿੱਚ ਵਧੀਕ ਸਕੱਤਰ ਅਪਰਣਾ ਸ਼ਰਮਾ ਨੇ ਕਿਹਾ ਕਿ ਹੁਣ ਤੱਕ ਕੋਈ ਕਮੀ ਨਹੀਂ ਆਈ ਏ । ਉਨ੍ਹਾਂ ਅੱਗੇ ਕਿਹਾ ਕਿ ਯੂਰੀਆ ਦੀ ਉਪਲਬਧਤਾ 18.17 ਲੱਖ ਮੀਟ੍ਰਿਕ ਟਨ ਦੀ ਲੋੜ ਦੇ ਮੁਕਾਬਲੇ 71.58 ਲੱਖ ਮੀਟ੍ਰਿਕ ਟਨ ਏ, ਜਦੋਂ ਕਿ ਡੀਏਪੀ ਦੀ ਉਪਲਬਧਤਾ 5.90 ਲੱਖ ਮੀਟ੍ਰਿਕ ਟਨ ਦੀ ਲੋੜ ਦੇ ਮੁਕਾਬਲੇ 22.35 ਲੱਖ ਮੀਟ੍ਰਿਕ ਟਨ ਏ । ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਵਿੱਚ ਜੋਇੰਟ ਸਕੱਤਰ ਸੁਜਾਤਾ ਸ਼ਰਮਾ ਨੇ ਕਿਹਾ ਕਿ ਦੇਸ਼ ਵਿੱਚ ਐਲਪੀਜੀ ਦੀ ਲੋੜੀਂਦੀ ਸਪਲਾਈ ਏ ਅਤੇ ਕੋਈ ਵੀ ਡਿਸਟ੍ਰਿਬਿਉਟਰ ਕੋਲ ਕਿਸੇ ਵੀ ਤਰ੍ਹਾਂ ਦੀ ਕੋਈ ਘਾਟ ਨਹੀਂ ਏ । ਉਨ੍ਹਾਂ ਇਹ ਵੀ ਕਿਹਾ ਕਿ ਦੇਸ਼ ਵਿੱਚ ਪੈਟਰੋਲ ਅਤੇ ਡੀਜ਼ਲ ਦੀ ਸਪਲਾਈ ਆਮ

ਵਾਂਗ ਬਣੀ ਹੋਈ ਏ। ਉਨ੍ਹਾਂ ਲੋਕਾਂ ਨੂੰ ਘਬਰਾਹਟ ਵਿੱਚ ਖਰੀਦਦਾਰੀ ਅਤੇ ਅਫਵਾਹਾਂ ਤੋਂ ਬਚਣ ਦੀ ਅਪੀਲ ਕੀਤੀ –

------------------------------------------------------------------------

ਰਾਜ ਸਭਾ ਵਿੱਚ ਭਾਜਪਾ ਸੰਸਦ ਮੈਂਬਰਾਂ ਦੀ ਗਿਣਤੀ 113 ਹੋ ਗਈ ਏ। ਸੰਸਦੀ ਮਾਮਲਿਆਂ ਬਾਰੇ ਮੰਤਰੀ ਕੀਰੇਨ ਰਿਜੀਜੂ ਨੇ ਅੱਜ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਐਲਾਨ ਕੀਤਾ ਕਿ ਸਭਾਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਆਮ ਆਦਮੀ ਪਾਰਟੀ ਛੱਡ ਕੇ ਭਾਜਪਾ ਵਿੱਚ ਆਏ ਸੱਤ ਸੰਸਦ ਮੈਂਬਰਾਂ ਦੇ ਰਲੇਵੇਂ ਨੂੰ ਮਨਜ਼ੂਰੀ ਦੇ ਦਿੱਤੀ ਏ। ਇਨ੍ਹਾਂ ਸੰਸਦ ਮੈਂਬਰਾਂ ਵਿੱਚ ਰਾਘਵ ਚੱਢਾ, ਡਾ. ਅਸ਼ੋਕ ਕੁਮਾਰ ਮਿੱਤਲ, ਸੰਦੀਪ ਪਾਠਕ, ਸਵਾਤੀ ਮਾਲੀਵਾਲ ਅਤੇ ਹਰਭਜਨ ਸਿੰਘ ਸ਼ਾਮਲ ਨੇ. ਰਲੇਵੇਂ ਤੋਂ ਬਾਅਦ, ਸਭਾ ਵਿੱਚ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰਾਂ ਦੀ ਗਿਣਤੀ ਘੱਟ ਕੇ ਤਿੰਨ ਹੋ ਗਈ ਏ। ਇਨ੍ਹਾਂ ਸੰਸਦ ਮੈਂਬਰਾਂ ਦਾ ਭਾਜਪਾ ਵਿੱਚ ਸਵਾਗਤ ਕਰਦੇ ਹੋਏ, ਸ਼੍ਰੀ ਰਿਜੀਜੂ ਨੇ ਕਿਹਾ ਕਿ ਉਹ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਪਾਉਣਗੇ।

------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਹੜ੍ਹ ਸੁਰੱਖਿਆਂ ਪ੍ਰਬੰਧਾਂ ਸਮੀਖਿਆ ਕਰਦਿਆਂ ਪੰਜਾਬ ਦੇ ਹੜ੍ਹ ਰੋਕਥਾਮ ਅਤੇ ਰਾਹਤ

ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਅਤਿ – ਆਧੁਨਿਕ ਐਂਫੀਬੀਅਸ ਮਸ਼ੀਨਾਂ ਯਾਨੀ ਕੇ ਪਾਣੀ ਵਿੱਚ ਅਤੇ ਧਰਤੀ 'ਤੇ ਚੱਲਣ ਵਾਲੀਆਂ ਮਸ਼ੀਨਾਂ) ਦੀ ਖਰੀਦ ਨੂੰ ਮਨਜ਼ੂਰੀ ਦਿੱਤੀ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਮਾਨਸੂਨ ਰੁਤ ਤੋਂ ਪਹਿਲਾਂ ਹੜ੍ਹਾਂ ਜਾਂ ਭਾਰੀ ਮੀਂਹ ਕਰਕੇ ਹੁੰਦੇ ਨੁਕਸਾਨ ਨੂੰ ਘੱਟ ਤੋਂ ਘੱਟ ਕਰਨ ਅਤੇ ਜਾਨ-ਮਾਲ ਦੀ ਰਾਖੀ ਲਈ ਸਰਗਰਮੀ ਨਾਲ ਕੰਮ ਕਰ ਰਹੀ ਏ।

ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੜ੍ਹ ਰਾਹਤ ਕਾਰਜਾਂ ਨੂੰ ਸੁਚਾਰੂ ਅਤੇ ਮੁਸ਼ਕਲ ਰਹਿਤ ਢੰਗ ਨਾਲ ਚਲਾਉਣ ਲਈ ਪੰਜਾਬ ਸਰਕਾਰ ਵੱਲੋਂ ਨਹਿਰਾਂ ਅਤੇ ਨਾਲਿਆਂ (ਡਰੇਨਾਂ) ਦੀ ਸਫਾਈ ਵਾਸਤੇ ਐਂਫੀਬੀਅਸ ਮਸ਼ੀਨਾਂ ਖਰੀਦਣ ਦੀ ਸਹਿਮਤੀ ਦਿੱਤੀ ਗਈ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਮਸ਼ੀਨਾਂ ਵਗਦੇ ਪਾਣੀ ਵਿੱਚ ਵੀ ਕੰਮ ਕਰਨ ਅਤੇ ਡੂੰਘਾਈ ਨਾਲ ਸਫ਼ਾਈ ਦੇ ਸਮਰੱਥ ਹਨ, ਜੋ ਇਨ੍ਹਾਂ ਮਸ਼ੀਨਾਂ ਨੂੰ ਰੋਕਥਾਮ ਉਪਾਵਾਂ ਅਤੇ ਹੰਗਾਮੀ ਕਾਰਵਾਈ ਲਈ ਮਹੱਤਵਪੂਰਨ ਬਣਾਉਂਦਾ ਏ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਮਸ਼ੀਨਾਂ ਨੂੰ ਹੜ੍ਹ ਸੁਰੱਖਿਆ ਕਾਰਜਾਂ ਦੇ ਨਾਲ-ਨਾਲ ਨਹਿਰਾਂ, ਨਾਲਿਆਂ, ਛੱਪੜਾਂ ਅਤੇ ਹੋਰ ਜਲ ਸਰੋਤਾਂ ਦੀ ਦੇਖਭਾਲ ਅਤੇ ਸਫ਼ਾਈ ਲਈ ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਵਿੱਚ ਲਿਆਂਦਾ ਜਾ ਸਕਦਾ ਏ। ਚੱਲ ਰਹੇ ਕੰਮਾਂ ਦੀ ਸਮੀਖਿਆ ਕਰਦਿਆਂ ਮੁੱਖ ਮੰਤਰੀ ਭਗਵੰਤ

ਸਿੰਘ ਮਾਨ ਨੇ ਜਲ ਸਰੋਤ ਵਿਭਾਗ ਦੇ ਯਤਨਾਂ 'ਤੇ ਸੰਤੁਸ਼ਟੀ ਪ੍ਰਗਟਾਈ। ਉਨ੍ਹਾਂ ਕਿਹਾ ਕਿ ਜਨਤਕ ਹਿੱਤ ਨੂੰ ਧਿਆਨ ਵਿੱਚ ਰੱਖਦਿਆਂ ਹੜ੍ਹਾਂ ਨੂੰ ਰੋਕਣ ਲਈ ਸੂਬੇ ਭਰ ਵਿੱਚ ਵਿਆਪਕ ਕੰਮ ਕੀਤੇ ਜਾ ਰਹੇ ਨੇ. ਓਹਨਾਂ ਇਹ ਵੀ  ਕਿਹਾ ਕਿ ਖਾਲਿਆਂ ਦੀ ਸਫਾਈ ਜੰਗੀ ਪੱਧਰ 'ਤੇ ਚੱਲ ਰਹੀ ਏ  ਅਤੇ ਜਲਦ ਹੀ ਮੁਕੰਮਲ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਸੰਭਾਵੀ ਹੜ੍ਹਾਂ ਨੂੰ ਰੋਕਣ ਲਈ ਹੜ੍ਹ ਪ੍ਰਭਾਵਿਤ ਪ੍ਰਮੁੱਖ ਥਾਵਾਂ 'ਤੇ ਗਾਰ ਕੱਢਣ ਦਾ ਕੰਮ ਪਹਿਲਾਂ ਹੀ ਮੁਕੰਮਲ ਕੀਤਾ ਜਾ ਚੁੱਕਾ  ਏ । ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਬਰਿੰਦਰ ਕੁਮਾਰ ਗੋਇਲ, ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ, ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

-----------------------------------------------------------------------------

ELECTRICITY

ਗਰਮੀ ਵਧਣ ਕਰਕੇ ਬਿਜਲੀ ਦੀ ਮੰਗ ਵਿੱਚ ਤੇਜ਼ੀ ਨਾਲ ਅਤੇ ਅਚਾਨਕ ਵਾਧੇ ਦੇ ਮੱਦੇਨਜ਼ਰ ਸੂਬਾ ਸਰਕਾਰ ਨੇ ਪੰਜਾਬ ਭਰ ਵਿੱਚ ਨਿਰਵਿਘਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਫੌਰੀ ਕਦਮ ਚੁੱਕੇ ਨੇ. ਅੱਜ ਚੰਡੀਗੜ੍ਹ ਵਿਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਬੇਸ਼ੱਕ ਪੰਜਾਬ

ਅੰਦਰ ਬਿਜਲੀ ਦੀ ਮੰਗ ਦਸ ਦਿਨਾਂ ਦੇ ਅੰਦਰ 7 ਹਜ਼ਾਰ 900 ਮੈਗਾਵਾਟ ਤੋਂ ਵੱਧ ਕੇ 12 ਹਜ਼ਾਰ ਮੈਗਾਵਾਟ ਤੋਂ ਵੱਧ ਹੋ ਗਈ ਏ, ਪਰ ਚਿੰਤਾ ਦੀ ਕੋਈ ਗੱਲ ਨਹੀਂ ਏ , ਕਿਉਂਕਿ ਸੂਬੇ ਵਿੱਚ ਹਾਲਾਤ ਪੂਰੀ ਤਰ੍ਹਾਂ ਕਾਬੂ ਹੇਠ ਨੇ. ਮਿਸ਼ਨ ਰੌਸ਼ਨ ਤਹਿਤ 6 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਬਿਜਲੀ ਬੁਨਿਆਦੀ ਢਾਂਚਾ ਸੁਧਾਰ ਪ੍ਰਾਜਕੈਟ ਅਤੇ ਗੈਰ-ਯੋਜਨਾਬੱਧ ਆਉਟੇਜ ਵਿੱਚ ਲਗਭਗ 70 ਫੀਸਦ ਦੀ ਕਮੀ ਦੇ ਨਾਲ ਪੰਜਾਬ ਰਾਜ ਬਿਜਲੀ ਨਿਗਮ (ਪੀ.ਐਸ.ਪੀ.ਸੀ.ਐਲ.) ਗਰਿੱਡ ਸਥਿਰਤਾ ਨੂੰ ਬਣਾਈ ਰੱਖਣ ਵਿੱਚ ਸਫ਼ਲ ਰਿਹਾ ਏ. ਓਹਨਾਂ ਕਿਹਾ ਕਿ ਇਸ ਨਾਲ ਪੰਜਾਬ ਗਰਮੀਆਂ ਵਿੱਚ ਬਿਜਲੀ ਦੀ ਸਿਖ਼ਰ ਮੰਗ ਦੇ ਪ੍ਰਬੰਧ ਵਿੱਚ ਤਿਆਰ ਮੋਹਰਲੇ ਰਾਜਾਂ ਦੀ ਕਤਾਰ ਵਿੱਚ ਸ਼ਾਮਲ ਹੋ ਗਿਆ ਏ । ਉਨ੍ਹਾਂ ਕਿਹਾ ਕਿ ਪੀ.ਐਸ.ਪੀ.ਸੀ.ਐਲ. ਗਰਮੀ ਦੇ ਮੌਜੂਦਾ ਮੌਸਮ ਦੌਰਾਨ ਬਿਜਲੀ ਦੀ ਮੰਗ ਵਿੱਚ ਅਚਾਨਕ ਵਾਧੇ ਨੂੰ ਪੂਰਾ ਕਰਨ ਅਤੇ ਸੂਬੇ ਭਰ 'ਚ ਨਿਰਵਿਘਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਏ । ਮੰਤਰੀ ਨੇ ਕਿਹਾ ਕਿ ਸਮੁੱਚੀ ਪੀ.ਐਸ.ਪੀ.ਸੀ.ਐਲ. ਟੀਮ ਨੂੰ ਨਿਰਦੇਸ਼ ਦਿੱਤੇ ਗਏ ਨੇ ਕਿ ਪਾਵਰ ਆਊਟੇਜ ਕਰਕੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ, ਜਿਸ ਤਹਿਤ ਸਾਰੇ ਵਿਭਾਗ ਮਿਸ਼ਨ ਮੋਡ ਵਿੱਚ ਕੰਮ ਕਰ ਰਹੇ ਨੇ.ਉਨ੍ਹਾਂ ਅੱਗੇ ਕਿਹਾ

ਕਿ 2025 ਦੇ ਹੜ੍ਹਾਂ ਦੌਰਾਨ ਨੁਕਸਾਨੇ ਗਏ ਸੂਬੇ ਦੇ ਹਾਈਡਲ ਪਲਾਂਟਾਂ ਨੂੰ ਬਹਾਲ ਕੀਤਾ ਜਾ ਰਿਹਾ ਏ, ਜਿਸ ਨਾਲ ਜਲਦੀ ਹੀ ਹੋਰ 300 ਮੈਗਾਵਾਟ ਵਾਧੂ ਸਮਰੱਥਾ ਉਪਲੱਬਧ ਹੋਣ ਦੀ ਉਮੀਦ ਏ । ਉਨ੍ਹਾਂ ਕਿਹਾ ਕਿ ਦੂਜੇ ਰਾਜਾਂ ਅਤੇ ਨਿੱਜੀ ਸਰੋਤਾਂ ਤੋਂ ਵਾਧੂ ਖਰੀਦ ਨਾਲ ਲਗਭਗ 1,500 ਮੈਗਾਵਾਟ ਵਾਧੂ ਬਿਜਲੀ ਸਪਲਾਈ ਲਈ ਰਾਹ ਪੱਧਰਾ ਹੋਇਆ ਏ । ਉਨ੍ਹਾਂ ਇਹ ਵੀ ਦੱਸਿਆ ਕਿ ਵਧੇਰੇ ਬਿਜਲੀ ਉਪਲਬਧਤਾ ਨੂੰ ਉਤਸ਼ਾਹਿਤ ਕਰਨ ਲਈ ਦੋ ਮਹੀਨਿਆਂ ਵਾਸਤੇ ਸ਼ਾਮ 6 ਵਜੇ ਤੋਂ ਸਵੇਰੇ 6 ਵਜੇ ਤੱਕ ਵ੍ਹੀਲਿੰਗ ਚਾਰਜ ਅਤੇ ਕਰਾਸ ਸਬਸਿਡੀ ਦੀ ਛੋਟ ਦਿੱਤੀ ਜਾ ਰਹੀ ਏ ।

---------------------------------------------------------------------------

ਗੁਰਦਾਸਪੁਰ ਪੁਲਿਸ ਨੇ 5 ਮਾਰਚ ਨੂੰ ਇੱਕ ਸੁਨਿਆਰੇ ਦੇ ਘਰ ਹੋਈ ਹਥਿਆਰਬੰਦ ਲੁੱਟ ਦੇ ਮਾਮਲੇ ਵਿੱਚ ਵੱਡੀ ਕਾਰਵਾਈ ਕਰਦੇ ਹੋਏ ਮੁੱਖ ਦੋਸ਼ੀ ਅਤੇ ਸਾਜ਼ਿਸ਼ਕਾਰ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਏ । ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਐਸ.ਪੀ. ਗੁਰਦਾਸਪੁਰ ਅਦਿੱਤਿਆ ਨੇ ਦੱਸਿਆ ਕਿ ਪੁਲਿਸ ਪਿਛਲੇ ਕਾਫੀ ਸਮੇਂ ਤੋਂ ਇਸ ਮਾਮਲੇ ਦੀ ਬਾਰੀਕੀ ਨਾਲ ਜਾਂਚ ਕਰ ਰਹੀ ਸੀ. ਓਹਨਾਂ ਦੱਸਿਆ - byte –

---------------------------------------------------------------------------

ਪੰਜਾਬ ਸਰਕਾਰ ਵੱਲੋਂ ਕਲ੍ਹ ਐਤਵਾਰ ਸ਼ਾਮ ਨੂੰ ਨਹਿਰੂ ਸਟੇਡੀਅਮ, ਰੂਪਨਗਰ ਵਿਖੇ ਕਰਵਾਏ ਗਏ ਪਹਿਲੇ ਵਿਸ਼ਾਲ ਅਧਿਆਤਮਕ ਕੀਰਤਨ ਦਰਬਾਰ ਦੇ ਨਾਲ ਹੀ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੇ ਰਾਜ ਪੱਧਰੀ ਸਮਾਗਮਾਂ ਦੀ ਸ਼ੁਰੂਆਤ ਕੀਤੀ ਗਈ। ਇਸ ਵਿਸ਼ਾਲ ਸਮਾਗਮ ਨਾਲ ਗੁਰੂ ਰਵਿਦਾਸ ਜੀ ਦੇ ਸਰਬ-ਸਾਂਝੇ ਸੰਦੇਸ਼ ਨੂੰ ਫੈਲਾਉਣ ਦੇ ਉਦੇਸ਼ ਨਾਲ ਸਾਲ ਭਰ ਚੱਲਣ ਵਾਲੇ ਪ੍ਰੋਗਰਾਮਾਂ ਦੀ ਲੜੀ ਦਾ ਆਗਾਜ਼ ਹੋਇਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਪੰਜਾਬ ਦੇ ਕੈਬਿਨੇਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਸੰਗਤਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਇਸ ਉਪਰਾਲੇ ਦੀ ਮਹੱਤਤਾ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ, ਇਨ੍ਹਾ ਸਮਾਗਮਾਂ ਦਾ ਮੁੱਖ ਉਦੇਸ਼ ਸ੍ਰੀ ਗੁਰੂ ਰਵਿਦਾਸ ਜੀ ਦੇ ਸਰਬ-ਸਾਂਝੇ ਸੰਦੇਸ਼ ਨੂੰ ਪੂਰੀ ਦੁਨੀਆ ਵਿੱਚ ਫੈਲਾਉਣਾ ਏ। ਇਸੇ ਦੇ ਤਹਿਤ ਪੰਜਾਬ ਦੇ ਕੋਨੇ-ਕੋਨੇ ਵਿੱਚ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਵੱਖ-ਵੱਖ ਵਿਦਿਅਕ ਅਤੇ ਅਧਿਆਤਮਕ ਪ੍ਰੋਗਰਾਮ ਉਲੀਕੇ ਜਾ ਰਹੇ ਨੇ.ਉਨ੍ਹਾਂ ਅੱਗੇ ਕਿਹਾ, "ਇਸ ਵੱਡੇ ਉਪਰਾਲੇ ਦੇ ਹਿੱਸੇ ਵਜੋਂ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਅਧਿਆਤਮਕ ਕੀਰਤਨ ਦਰਬਾਰ ਕਰਵਾਏ ਜਾ ਰਹੇ ਨੇ, ਜਿਨ੍ਹਾਂ ਦੀ ਰਸਮੀ ਸ਼ੁਰੂਆਤ ਰੂਪਨਗਰ ਤੋਂ ਹੋਈ ਏ.ਪੰਜਾਬ ਸਰਕਾਰ ਦੇ ਇੱਕ ਅਹਿਮ ਉਪਰਾਲੇ ਬਾਰੇ ਦੱਸਦਿਆਂ ਮੰਤਰੀ ਨੇ ਐਲਾਨ ਕੀਤਾ, "ਪੰਜਾਬ

ਸਰਕਾਰ ਵੱਲੋਂ ਡੇਰਾ ਸੱਚਖੰਡ ਬੱਲਾਂ ਦੇ ਨੇੜੇ ਇੱਕ ਵਿਸ਼ਾਲ 'ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ' ਸਥਾਪਤ ਕਰਨ ਲਈ 10 ਏਕੜ ਜ਼ਮੀਨ ਖਰੀਦੀ ਗਈ ਏ ।

---------------------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਕੋਟਕਪੂਰਾ ਬੱਸ ਸਟੈਂਡ ਨੇੜੇ ਬਾਰਿਸ਼ਾਂ ਸਮੇਂ ਪਾਣੀ ਖੜਾ ਹੋਣ ਨਾਲ ਪ੍ਰਭਾਵਿਤ ਇਲਾਕੇ ਦਾ ਦੌਰਾ ਕੀਤਾ. ਪਾਣੀ ਖੜ੍ਹਾ ਰਹਿਣ ਕਾਰਨ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਮੌਕੇ ਸਪੀਕਰ ਸੰਧਵਾਂ ਨੇ ਸਬੰਧਤ ਅਧਿਕਾਰੀਆਂ ਨਾਲ ਰਲ ਕੇ ਇਲਾਕੇ ਦਾ ਦੌਰਾ ਕੀਤਾ ਅਤੇ ਸਮੱਸਿਆ ਦੇ ਹੱਲ ਲਈ ਤੁਰੰਤ ਅਤੇ ਲੰਬੇ ਸਮੇਂ ਦੀ ਯੋਜਨਾ ਉੱਤੇ ਵਿਚਾਰ-ਵਟਾਂਦਰਾ ਕੀਤਾ।

---------------------------------------------------------------------------

IPL ਕ੍ਰਿਕੇਟ ਵਿੱਚ, ਅੱਜ ਦਿੱਲੀ ਦੇ ਅਰੁਣ ਜੇਤਲੀ ਸਟੇਡੀਅਮ ਵਿੱਚ, ਦਿੱਲੀ ਕੈਪੀਟਲਜ਼ ਦਾ ਮੁਕਾਬਲਾ ROYAL ਚੈਲੇਂਜਰਜ਼ ਬੈਂਗਲੁਰੂ ਨਾਲ ਹੋਵੇਗਾ। ਇਹ ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ। ਪਹਿਲਾਂ ਕੱਲ੍ਹ ਗੁਜਰਾਤ ਟਾਈਟਨਜ਼ ਨੇ ਚੇਨਈ ਸੁਪਰ ਕਿੰਗਜ਼ ਨੂੰ 8 ਵਿਕਟਾਂ ਨਾਲ ਅਤੇ ਕੋਲਕਾਤਾ ਨਾਈਟ ਰਾਈਡਰਜ਼ ਨੇ ਲਖਨਊ ਸੁਪਰ

GIANTS ਨੂੰ ਮੈਚ ਟਾਈ ਹੋਣ ਤੋਂ ਬਾਅਦ, ਇੱਕ ਰੋਮਾਂਚਕ ਸੁਪਰ ਓਵਰ ਵਿੱਚ ਹਰਾਇਆ।

---

- ਸਰਕਾਰ ਨੇ ਅੱਜ ਮੁੜ ਪੁਸ਼ਟੀ ਕੀਤੀ ਏ ਕਿ ਦੇਸ਼ ਵਿੱਚ ਖਾਦ ਦੀ ਉਪਲਬਧਤਾ ਮਜ਼ਬੂਤ ਬਣੀ ਹੋਈ ਏ ਤੇ ਸਪਲਾਈ ਲਗਾਤਾਰ ਮੰਗ ਤੋਂ ਵੱਧ ਏ।
- ਰਾਜ ਸਭਾ ਦੇ ਸਭਾਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਆਮ ਆਦਮੀ ਪਾਰਟੀ ਛੱਡ ਕੇ ਭਾਜਪਾ ਵਿੱਚ ਆਏ ਸੱਤ ਸੰਸਦ ਮੈਂਬਰਾਂ ਦੇ ਰਲੇਵੇਂ ਨੂੰ ਮਨਜ਼ੂਰੀ ਦੇ ਦਿੱਤੀ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਹੜ੍ਹ ਰੋਕਥਾਮ ਅਤੇ ਰਾਹਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਅਤਿ – ਆਧੁਨਿਕ ਐਂਫੀਬੀਅਸ ਮਸ਼ੀਨਾਂ ਦੀ ਖਰੀਦ ਨੂੰ ਮਨਜ਼ੂਰੀ ਦਿੱਤੀ ਏ।
- ਪੰਜਾਬ ਦੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਏ ਕਿ ਪੀ.ਐਸ.ਪੀ.ਸੀ.ਐਲ. ਗਰਮੀ ਦੇ ਮੌਜੂਦਾ ਮੌਸਮ ਦੌਰਾਨ ਬਿਜਲੀ ਦੀ ਮੰਗ ਵਿੱਚ ਅਚਾਨਕ ਵਾਧੇ ਨੂੰ ਪੂਰਾ ਕਰਨ ਲਈ ਤਿਆਰ ਏ।

- IPL ਕ੍ਰਿਕੇਟ ਵਿੱਚ, ਅੱਜ ਦਿੱਲੀ ਦੇ ਅਰੁਣ ਜੇਤਲੀ ਸਟੇਡੀਅਮ ਵਿੱਚ, ਦਿੱਲੀ ਕੈਪੀਟਲਜ਼ ਦਾ ਮੁਕਾਬਲਾ ROYAL ਚੈਲੇਂਜਰਜ਼ ਬੈਂਗਲੁਰੂ ਨਾਲ ਹੋਵੇਗਾ।

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ.ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਸ਼ਾਮ ਸਾਢੇ 7 ਵਜੇ ਹੋਏਗਾ**

**ਨਮਸ੍ਕਾਰ**